# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-04-2024**

ਲੋਕ ਸਭਾ ਚੋਣਾਂ ਦੇ ਪਹਿਲੇ ਗੇੜ ਲਈ ਅੱਜ ਵੋਟਿੰਗ ਚੱਲ ਰਹੀ ਏ। ਇਸ ਗੇੜ ਵਿੱਚ 17 ਸੂਬਿਆਂ ਤੇ ਚਾਰ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 102 ਸੀਟਾਂ ਲਈ ਵੋਟਾਂ ਪੈ ਰਹੀਆਂ ਨੇ। ਇਨਾਂ ਚੋਣਾਂ ਵਿੱਚ ਇੱਕ ਹਜ਼ਾਰ 626 ਉਮੀਦਵਾਰ ਮੈਦਾਨ ਵਿੱਚ ਨੇ। ਅਰੁਣਾਚਲ ਪ੍ਰਦੇਸ਼ ਅਤੇ ਸਿੱਕਮ ਵਿਧਾਨ ਸਭਾ ਚੋਣਾਂ ਲਈ ਵੀ, ਅੱਜ ਹੀ ਵੋਟਿੰਗ ਹੋ ਰਹੀ ਏ। ਪਹਿਲੇ ਗੇੜ ਵਿੱਚ ਉੱਤਰ ਪ੍ਰਦੇਸ਼ ਦੀਆਂ 8, ਪੱਛਮੀ ਬੰਗਾਲ ਦੀਆਂ 3, ਬਿਹਾਰ ਦੀਆਂ ਚਾਰ, ਅਸਾਮ ਦੀਆਂ 5, ਮੱਧ ਪ੍ਰਦੇਸ਼ ਦੀਆਂ 6, ਮਹਾਰਾਸ਼ਟਰ ਦੀਆਂ ਪੰਜ ਸੀਟਾਂ ਲਈ ਵੋਟਾਂ ਪੈ ਰਹੀਆਂ ਨੇ। ਰਾਜਸਥਾਨ ਦੀਆਂ 12 ਸੀਟਾਂ, ਤਾਮਿਲਨਾਡੂ ਦੀਆਂ ਸਾਰੀਆਂ 39, ਉੱਤਰਾਖੰਡ ਦੀਆਂ ਸਾਰੀਆਂ ਪੰਜ, ਅਰੁਣਾਚਲ ਪ੍ਰਦੇਸ਼

ਦੀਆਂ ਸਾਰੀਆਂ ਦੋ, ਛੱਤੀਸਗੜ੍ਹ ਦੀ ਇਕ ਅਤੇ ਮਨੀਪੁਰ ਤੇ ਮੇਘਾਲਿਆ ਦੀਆਂ ਸਾਰੀਆਂ ਦੋ-ਦੋ ਸੀਟਾਂ ਸ਼ਾਮਲ ਨੇ।

---------------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਲੋਕ ਸਭਾ ਚੋਣਾਂ ਦੇ ਸਬੰਧ ਵਿੱਚ ਅੱਜ ਸੋਸ਼ਲ ਮੀਡੀਆ ਪਲੇਟਫਾਰਮ ਫੇਸਬੁੱਕ ਉੱਤੇ ਲਾਈਵ ਹੋਏ। ਸਵੇਰੇ 11 ਤੋਂ ਸਾਢੇ 11 ਵਜੇ ਤੱਕ ਚਲੇ ਇਸ ਲਾਈਵ ਪ੍ਰੋਗਰਾਮ 'ਟਾਕ ਟੂ ਯੂਅਰ ਸੀਈਓ ਪੰਜਾਬ' ਦਾ ਮਕਸਦ, ਚੋਣਾਂ ਬਾਰੇ ਲੋਕਾਂ ਦੇ ਸ਼ੰਕਿਆਂ ਨੂੰ ਦੂਰ ਕਰਨਾ ਅਤੇ ਉਨ੍ਹਾਂ ਨੂੰ ਵੋਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਰਿਹਾ। ਉਨਾਂ ਵੋਟਰਾਂ ਵੱਲੋਂ ਪੁੱਛੇ ਵੱਖ ਵੱਖ ਸਵਾਲਾਂ ਦੇ ਜਵਾਬ ਦਿੱਤੇ। ਸਿਬਿਨ ਸੀ ਨੇ ਕਿਹਾ ਉਨ੍ਹਾਂ ਦੇ ਦਫ਼ਤਰ ਵੱਲੋਂ ਪਹਿਲਾਂ ਹੀ ਸੋਸ਼ਲ ਮੀਡੀਆ ਹੈਂਡਲਾਂ (ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂਟਿਊਬ) ਉੱਤੇ ਲੋਕ ਸਭਾ ਚੋਣਾਂ 2024 ਨਾਲ ਸਬੰਧਤ ਹਦਾਇਤਾਂ ਅਤੇ ਵੇਰਵਿਆਂ ਨੂੰ ਲਗਾਤਾਰ ਅੱਪਡੇਟ ਕੀਤਾ ਜਾਂਦਾ ਏ ਅਤੇ ਹਾਲ ਵਿੱਚ ਹੀ ਉਨ੍ਹਾਂ ਦੇ ਦਫ਼ਤਰ ਨੇ

ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਗਰਮ ਭੂਮਿਕਾ ਨਿਭਾਉਣ ਲਈ ਦੇਸ਼ ਭਰ ਵਿੱਚ ਦੂਜਾ ਸਥਾਨ ਮਿਲਿਆ ਏ।

-------------------------------------------------------------

ਏਧਰ ਸੂਬੇ ਦੇ ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਨੇ, ਕਪੂਰਥਲਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰ, ਐਸ.ਐਸ.ਪੀ., ਸਹਾਇਕ ਰਿਟਰਨਿੰਗ ਅਫਸਰਾਂ ਅਤੇ ਚੋਣਾਂ ਨਾਲ ਸਬੰਧਿਤ ਵੱਖ-ਵੱਖ ਨੋਡਲ ਅਧਿਕਾਰੀਆਂ ਨਾਲ ਕਲ ਇਕ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਪੋਲਿੰਗ ਬੂਥਾਂ ’ਤੇ ਵੋਟਰਾਂ ਦੀ ਸਹੂਲਤ ਲਈ ਢੁਕਵੇਂ ਇੰਤਜਾਮ ਅਮਲ ਵਿਚ ਲਿਆਂਦੇ ਜਾਣ। ਉਨ੍ਹਾਂ ਸਵੀਪ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਦੇ ਨਾਲ-ਨਾਲ, ਵੱਧ ਤੋਂ ਵੱਧ ਲੋਕਾਂ ਨੂੰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕਰਨ ਤੇ ਜ਼ੋਰ ਦਿੱਤਾ। ਹਰੀਸ਼ ਨਈਅਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਚੋਣ ਕਮਿਸ਼ਨ ਵਲੋਂ ਦਿੱਤੇ ਨਾਅਰੇ, ’ਇਸ ਵਾਰ 70 ਪਾਰ’ ਦੇ ਟੀਚੇ ਨੂੰ ਸਰ ਕਰਨ ਲਈ, ਜੰਗੀ ਪੱਧਰ ’ਤੇ ਯਤਨ ਕੀਤੇ ਜਾਣ ਤਾਂ ਜੋ ਚੋਣਾਂ ਦੌਰਾਨ ਵੋਟਿੰਗ 70 ਫੀਸਦੀ ਤੋਂ ਵੱਧ ਦਰਜ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ

ਜਿਨ੍ਹਾਂ ਪੋਲਿੰਗ ਬੂਥਾਂ ’ਤੇ ਪਿਛਲੀਆਂ ਚੋਣਾਂ ਦੌਰਾਨ, ਵੋਟ ਫੀਸਦੀ ਘੱਟ ਰਹੀ ਉਨ੍ਹਾਂ ਥਾਵਾਂ ’ਤੇ ਵਿਸ਼ੇਸ਼ ਧਿਆਨ ਦਿੰਦਿਆਂ ਵੋਟ ਫੀਸਦੀ ਵਿਚ ਵਾਧਾ ਕਰਨ ਲਈ, ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੋਟਰ ਜਾਗਰੂਕਤਾ ਲਈ ਚਲਾਈਆਂ ਜਾ ਰਹੀਆਂ ਸਵੀਪ ਸਰਗਰਮੀਆਂ ’ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ, ਉਨਾਂ ਕਿਹਾ ਕਿ ਸਵੀਪ ਗਤੀਵਿਧੀਆਂ ਵਿਚ ਵੱਧ ਤੋਂ ਵੱਧ ਨੌਜਵਾਨਾਂ, ਵਿਦਿਆਰਥੀਆਂ ਅਤੇ ਦਿਵਿਆਂਗ ਵਿਅਕਤੀਆਂ ਦੀ ਸ਼ਮੂਲੀਅਤ ਕਰਵਾਈ ਜਾਵੇ।

-----------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਨੁਸਾਰ, ਜ਼ਿਲ੍ਹਾ ਨੋਡਲ ਅਫ਼ਸਰ-ਤੇ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਡਾ ਮਨਦੀਪ ਕੌਰ ਵੱਲੋਂ, ਜ਼ਿਲ੍ਹਾ ਸਵੀਪ ਕੋਰ ਕਮੇਟੀ ਨਾਲ ਜ਼ਿਲ੍ਹੇ ਅੰਦਰ ਕੀਤੀਆਂ ਜਾ ਰਹੀਆਂ ਸਵੀਪ ਗਤੀਵਿਧੀਆਂ ਸਬੰਧੀ ਇਕ ਮੀਟਿੰਗ ਆਯੋਜਿਤ ਕੀਤੀ ਗਈ। ਡਾ. ਮਨਦੀਪ ਕੌਰ ਨੇ ਸਵੀਪ ਮੈਂਬਰਾਂ ਨੂੰ ਨਿਰਦੇਸ਼ ਦਿੱਤੇ ਕਿ ਸਵੀਪ ਗਤੀਵਿਧੀਆਂ ਰਾਹੀਂ ਜ਼ਿਲ੍ਹੇ ਭਰ 'ਚ, ਵੋਟਰਾਂ ਨੂੰ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਤੋਂ

ਇਲਾਵਾ, ਚੋਣਾਂ ਸਬੰਧੀ ਮੁਹੱਈਆ ਕਰਵਾਈ ਜਾ ਰਹੀ ਜਾਣਕਾਰੀ ਦੇ ਕੰਮ ਵਿਚ ਹੋਰ ਤੇਜ਼ੀ ਲਿਆਂਦੀ ਜਾਵੇ ਤਾਂ ਵੋਟਰ ਆਪਣੀ ਵੋਟ ਦੇ ਅਧਿਕਾਰ ਦੀ ਵੱਧ ਤੋਂ ਵੱਧ ਬਿਨਾ ਕਿਸੇ ਡਰ, ਭੈਅ ਤੋਂ ਇਲਾਵਾ ਨਿਰਪੱਖ ਹੋ ਕੇ ਵਰਤੋਂ ਕਰ ਸਕਣ। ਇਸ ਮੌਕੇ ਜ਼ਿਲ੍ਹਾ ਸਵੀਪ ਕੋਰ ਕਮੇਟੀ ਦੇ ਵੱਖ-ਵੱਖ ਮੈਂਬਰ ਹਾਜ਼ਰ ਰਹੇ। ਇਸ ਦੌਰਾਨ ਹਾਊਸਿੰਗ ਬੋਰਡ ਕਲੋਨੀ ਦੇ ਸਰਕਾਰੀ ਐਲੀਮੈਂਟਰੀ ਸਕੂਲ ਦੇ ਬੂਥ ਨੰਬਰ 96 ਵਿਖੇ ਸਵੀਪ ਗਤੀਵਿਧੀਆਂ ਤਹਿਤ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਗਿਆ। ਬਠਿੰਡਾ ਸ਼ਹਿਰੀ ਸਵੀਪ ਟੀਮ ਮੈਂਬਰਾਂ ਨੇ ਇਕੱਤਰ ਹਾਜ਼ਰੀਨ ਨੂੰ ਵੋਟ ਦੇ ਅਧਿਕਾਰ ਦੀ ਵੱਧ ਤੋਂ ਵੱਧ ਵਰਤੋਂ ਕਰਨ ਬਾਰੇ ਪ੍ਰੇਰਿਤ ਕੀਤਾ। ਵੋਟਰਾਂ ਨੂੰ ਵੋਟ ਦੀ ਮੱਹਤਤਾ, ਵੋਟਿੰਗ, ਸਕਸ਼ਮ ਐਪ, ਵੋਟਰ ਹੈਲਪ ਲਾਈਨ, ਸੀ-ਵੀਜ਼ਲ ਤੇ ਕੇ.ਵਾਈ.ਸੀ ਐਪ ਸਬੰਧੀ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਪੋਲਿੰਗ ਦੌਰਾਨ ਘੱਟ ਵੋਟਰਾਂ ਦੀ ਗਿਣਤੀ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਵੋਟਿੰਗ ਅਨੁਪਾਤ ਵਧਾਉਣ ਲਈ ਬੀ.ਐਲ.ਓਜ਼ ਨਾਲ ਜਾਣਕਾਰੀ ਸਾਂਝੀ ਕੀਤੀ ਗਈ।

-----------------------------------------------------------

ਇਸ ਵਾਰ ਲੋਕ ਸਭਾ ਚੋਣਾਂ ਦੌਰਾਨ, ਵੋਟ ਫ਼ੀਸਦੀ ਵਧਾਉਣ ਲਈ ਮੋਗਾ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਜਿੱਥੇ ਹਰੇਕ ਵਰਗ ਤੱਕ ਪਹੁੰਚ ਕਰਕੇ, ਉਹਨਾਂ ਨੂੰ ਵੋਟ ਪਾਉਣ ਲਈ ਅਪੀਲ ਕੀਤੀ ਜਾ ਰਹੀ ਏ, ਉਥੇ ਹੀ ਜ਼ਿਲ੍ਹੇ ਨਾਲ ਸੰਬੰਧ ਰੱਖਣ ਵਾਲੇ NRIs ਅਤੇ ਨਵੇਂ ਬਣ ਰਹੇ ਵੋਟਰਾਂ ਉੱਤੇ ਵਿਸ਼ੇਸ਼ ਤੌਰ ਉੱਤੇ ਤਵੱਜੋ ਦਿੱਤੀ ਜਾ ਰਹੀ ਏ। ਜ਼ਿਲ੍ਹਾ ਚੋਣ ਅਫ਼ਸਰ ਕੁਲਵੰਤ ਸਿੰਘ ਨੇ ਸੁਖਾਨੰਦ ਸਥਿਤ ਕੁੜੀਆਂ ਦੇ ਕਾਲਜ ਵਿਖੇ, ਵੋਟਰ ਜਾਗਰੂਕਤਾ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਬੋਲਦਿਆਂ ਇਹ ਜਾਣਕਾਰੀ ਦਿੱਤੀ। ਉਨਾਂ ਕਿਹਾ ਕਿ ਜ਼ਿਲ੍ਹਾ ਮੋਗਾ ਪੂਰੇ ਸੂਬੇ ਵਿੱਚ NRIs ਬਹੁਤਾਤ ਵਾਲਾ ਜ਼ਿਲ੍ਹਾ ਏ ਅਤੇ ਇਥੋਂ ਦੇ ਕਰੀਬ 40 ਹਜ਼ਾਰ ਵਿਅਕਤੀ ਵੱਖ ਵੱਖ ਦੇਸ਼ਾਂ ਵਿੱਚ ਨੇ। ਇਨਾਂ ਵਿੱਚੋਂ ਬਹੁਤ ਘੱਟ ਵੋਟਰ ਨੇ ਜਿਹੜੇ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਦੇ ਨੇ । ਇਹ NRI ਵੋਟਰ ਵਜੋਂ ਆਪਣਾ ਸ਼ਨਾਖ਼ਤੀ ਕਾਰਡ ਤਾਂ ਬਣਵਾ ਲੈਂਦੇ ਨੇ, ਪਰ ਵੋਟ ਨਹੀਂ ਪਾਉਂਦੇ ਅਤੇ ਇਹੀ ਕਾਰਨ ਏ, ਕਿ ਹਰੇਕ ਚੋਣ ਵਿਚ ਜ਼ਿਲ੍ਹਾ ਮੋਗਾ ਵੋਟ ਫ਼ੀਸਦ ਵਿੱਚ ਹੋਰ ਜ਼ਿਲ੍ਹਿਆਂ ਨਾਲੋਂ ਪਿੱਛੇ ਰਹਿ ਜਾਂਦਾ ਏ। ਉਨਾਂ ਦੱਸਿਆ ਕਿ

ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਕੋਸ਼ਿਸ਼ ਕੀਤੀ ਜਾ ਰਹੀ ਏ, ਕਿ ਇਨਾਂ NRIs ਨਾਲ ਰਾਬਤਾ ਕਰਕੇ ਇਨਾਂ ਨੂੰ ਵੋਟ ਪ੍ਰਕਿਰਿਆ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਵੇ।